# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 05-05-2024**

- BJP ਦੇ ਸੀਨੀਅਰ ਆਗੂ ਅਤੇ ਕੇਂਦਰੀ ਸੂਚਨਾ ਤੇ ਪ੍ਰਸਾਰਨ ਮੰਤਰੀ ਅਨੁਰਾਗ ਸਿੰਘ ਠਾਕੁਰ ਨੇ, ਦੇਸ਼ ਦੇ ਬਹੁਮੁਖੀ ਵਿਕਾਸ ਲਈ, ਕੇਂਦਰ ਵਿੱਚ ਮੁੜ ਤੋਂ ਨਰੇਂਦਰ ਮੋਦੀ ਦੀ ਸਰਕਾਰ ਦਾ ਆਉਣਾ ਜਰੂਰੀ ਦਸਿਆ।
- ਲੋਕਸਭਾ ਚੋਣਾਂ ਦੇ ਤੀਜੇ ਪੜਾਅ ਲਈ ਚੋਣ ਪ੍ਰਚਾਰ ਅੱਜ ਖਤਮ ਹੋਇਆ - 10 ਰਾਜਾਂ ਅਤੇ ਇੱਕ ਕੇਂਦਰ ਸ਼ਾਸਤ ਪ੍ਰਦੇਸ਼ ਦੀਆਂ 93 ਸੀਟਾਂ ਲਈ ਵੋਟਿੰਗ 7 ਮਈ ਨੂੰ ਹੋਵੇਗੀ।
- ਲੋਕ ਸਭ ਚੋਣਾਂ -2024 ਨੂੰ ਲੈਕੇ, ਪੰਜਾਬ ਦੇ ਵੱਖ-ਵੱਖ ਜ਼ਿਲਿਆਂ ਵਿਚ ਅੱਜ ਚੋਣ ਅਮਲੇ ਨੂੰ ਸਿਖਲਾਈ ਦਿੱਤੀ ਗਈ।
- ਸੂਬੇ 'ਚ ਵਾਪਰੇ ਦੋ ਵੱਖ-ਵੱਖ ਸੜਕ ਹਾਦਸਿਆਂ ਵਿਚ ਇਕ ਔਰਤ ਸਮੇਤ 4 ਜਣਿਆਂ ਦੀ ਮੌਤ।

---------------------------------------------------

ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਅਤੇ ਕੇਂਦਰੀ ਸੂਚਨਾ ਤੇ ਪ੍ਰਸਾਰਨ ਮੰਤਰੀ ਅਨੁਰਾਗ ਸਿੰਘ ਠਾਕੁਰ ਨੇ ਕਿਹਾ ਏ ਕਿ ਦੇਸ਼ ਦੇ ਬਹੁਮੁਖੀ ਵਿਕਾਸ ਲਈ, ਕੇਂਦਰ ਵਿੱਚ ਮੁੜ ਤੋਂ ਨਰੇਂਦਰ ਮੋਦੀ ਦੀ ਸਰਕਾਰ ਦਾ ਆਉਣਾ ਜਰੂਰੀ ਏ। ਜਲੰਧਰ ਵਿੱਚ ਅੱਜ ਹਿਮਾਚਲ ਪਰਿਵਾਰ ਮਿਲਨ ਸਮਾਗਮ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ  ਕਿਸਾਨਾਂ ਦੇ ਹੱਕ ਵਿੱਚ ਇਸ ਸਰਕਾਰ ਨੇ ਕਈ ਫੈਸਲੇ ਲਏ ਨੇ ਤੇ ਫੇਰ ਹੁਣ ਕਿਸਾਨ ਅੰਦੋਲਨ ਕਿਓਂ ਕਰ ਰਹੇ ਨੇ। ਅਨੁਰਾਗ ਸਿੰਘ ਠਾਕੁਰ ਨੇ ਕਿਹਾ ਕਿ ਪੰਜਾਬ ਦੇ ਵਿਕਾਸ ਵਿੱਚ ਵੀ ਮੋਦੀ ਸਰਕਾਰ ਨੇ ਅਹਿਮ ਭੂਮਿਕਾ ਨਿਭਾਈ ਏ ਅਤੇ ਕਈ ਕੇਂਦਰੀ ਯੋਜਨਾਵਾਂ ਦਾ ਲਾਭ ਲੋਕਾਂ ਨੂੰ ਦਿੱਤਾ ਏ। ਹਿਮਾਚਲ ਪਰਿਵਾਰ ਸਭਾ ਵਲੋਂ ਆਯੋਜਿਤ ਇਸ ਸਮਾਗਮ ਵਿੱਚ ਪੰਜਾਬ BJP ਦੇ ਜਨਰਲ ਸਕੱਤਰ ਰਾਕੇਸ਼ ਰਾਠੌਰ, ਸਾਬਕਾ ਮੰਤਰੀ ਮਨੋਰੰਜਨ ਕਾਲੀਆ ਅਤੇ ਜਲੰਧਰ ਦੇ ਪ੍ਰਧਾਨ ਸੁਸ਼ੀਲ ਕੁਮਾਰ ਸ਼ਰਮਾ ਸਮੇਤ ਹੋਰ ਪਤਵੰਤੇ ਮੌਜੂਦ ਰਹੇ।

---------------------------------------------------

ਲੋਕਸਭਾ ਚੋਣਾਂ ਦੇ ਤੀਜੇ ਪੜਾਅ ਲਈ ਚੋਣ ਪ੍ਰਚਾਰ ਅੱਜ ਖਤਮ ਹੋ ਗਿਆ। ਇਸ ਪੜਾਅ ਲਈ 7 ਮਈ ਨੂੰ, 10 ਰਾਜਾਂ ਅਤੇ ਇੱਕ ਕੇਂਦਰ ਸ਼ਾਸਤ ਪ੍ਰਦੇਸ਼ ਦੀਆਂ 93 ਸੀਟਾਂ ਲਈ ਵੋਟਿੰਗ ਹੋਵੇਗੀ । ਸਾਰੀਆਂ ਸਿਆਸੀ

ਪਾਰਟੀਆਂ ਦੇ ਪ੍ਰਮੁੱਖ ਆਗੂਆਂ ਨੇ , ਆਪੋ -ਆਪਣੇ ਉਮੀਦਵਾਰਾਂ ਦੇ ਪੱਖ ਵਿੱਚ ਵੋਟਰਾਂ ਨੂੰ ਲੁਭਾਉਣ  ਦੇ ਹਰ ਸੰਭਵ ਉਪਰਾਲੇ ਕੀਤੇ ।

--------------------------------------------------------

ਪੰਜਾਬ ਦੇ ਮੁੱਖ ਚੋਣ ਅਧਿਕਾਰੀ ਦਫ਼ਤਰ ਵੱਲੋਂ ਸ਼ੁਰੂ ਕੀਤੇ ਗਏ ਪੋਡਕਾਸਟ ਦਾ ਤੀਜਾ ਐਪੀਸੋਡ ਸੋਸ਼ਲ ਮੀਡੀਆ ਦੇ ਅਧਿਕਾਰਤ ਪੇਜ਼ਾਂ- ਫੇਸਬੁੱਕ, ਇੰਸਟਾਗ੍ਰਾਮ, ਐਕਸ ਅਤੇ ਯੂ ਟਿਊਬ ‘ਤੇ ਜਾਰੀ ਕੀਤਾ ਗਿਆ । ਇਸ ਐਪੀਸੋਡ ਵਿੱਚ ਮੁੱਖ ਚੋਣ ਅਧਿਕਾਰੀ ਸਿਬਿਨ ਸੀ. ਨੇ ਚੋਣਾਂ ਦੌਰਾਨ ਵੰਡੀਆਂ ਜਾਣ ਵਾਲੀਆਂ ਮੁਫ਼ਤ ਦੀਆਂ ਵਸਤੂਆਂ, ਨਗਦੀ ਅਤੇ ਹੋਰ ਚੀਜ਼ਾਂ ਬਾਬਤ ਵਿਸਥਾਰ ਵਿਚ ਜਾਣਕਾਰੀ ਦਿੱਤੀ । ਉਨ੍ਹਾਂ ਨੇ ਪੰਜਾਬ ਦੇ ਵੋਟਰਾਂ ਨੂੰ ਬਿਨਾਂ ਕਿਸੇ ਲਾਲਚ ਦੇ ਆਪਣਾ ਵੋਟ ਪਾਉਣ ਦੀ ਅਪੀਲ ਕੀਤੀ ਏ। ਸਿਬਿਨ ਸੀ ਨੇ 'ਨੋਟਾ' ਬਾਰੇ ਵੀ ਬਹੁਤ ਰੌਚਕ ਜਾਣਕਾਰੀ ਸਾਂਝੀ ਕੀਤੀ ਏ । ਉਨ੍ਹਾਂ ਕਿਹਾ ਕਿ ਇਸ ਵਾਰ ਪੋਲਿੰਗ ਬੂਥਾਂ ਉੱਤੇ ਵੋਟਰਾਂ ਦੀ ਸਹੂਲਤ ਲਈ ਜ਼ਿਲ੍ਹਾ ਅਧਿਕਾਰੀਆਂ ਵੱਲੋਂ ਬਹੁਤ ਸਾਰੇ ਬੰਦੋਬਸਤ ਕੀਤੇ ਜਾ ਰਹੇ ਨੇ ਅਤੇ ਵੋਟਰ ਵੀ ਆਪਣੀ ਵੋਟ ਦੀ ਵਰਤੋਂ ਜ਼ਰੂਰ ਕਰਨ । ਸਿਬਿਨ ਸੀ ਨੇ ਪੋਡਕਾਸਟ ਵਿੱਚ ਲੋਕਾਂ ਵੱਲੋਂ ਪੁੱਛੇ ਗਏ ਸਵਾਲਾਂ ਦੇ ਜਵਾਬ ਵੀ ਬਹੁਤ ਸਪੱਸ਼ਟ ਸ਼ਬਦਾਂ ਵਿੱਚ ਦਿੱਤੇ । ਉਨ੍ਹਾਂ ਨੇ ਅਪੀਲ ਕੀਤੀ ਕਿ ਚੋਣਾਂ ਬਾਬਤ ਤਾਜ਼ੀ ਅਤੇ ਪੁਖਤਾ ਜਾਣਕਾਰੀ ਹਾਸਲ ਕਰਨ ਲਈ ਮੁੱਖ ਚੋਣ ਅਧਿਕਾਰੀ

ਦੇ ਦਫਤਰ ਵੱਲੋਂ ਚਲਾਏ ਜਾ ਰਹੇ ਸੋਸ਼ਲ ਮੀਡੀਆ ਦੇ ਅਧਿਕਾਰਤ ਪੇਜ਼ਾਂ  ਨੂੰ ਜ਼ਰੂਰ ਫਾਲੋ ਤੇ ਸਬਸ-ਕ੍ਰਾਈਬ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਪਿਛਲੇ ਦਿਨੀਂ ਵਟਸਐਪ ਉੱਤੇ ਵੀ 'ਮੁਖ ਚੋਣ ਅਧਿਕਾਰੀ  ਪੰਜਾਬ' ਦੇ ਨਾਮ ਨਾਲ ਇਕ ਚੈਨਲ ਬਣਾਇਆ ਗਿਆ ਏ, ਜਿੱਥੇ ਲੋਕ ਸਭਾ ਚੋਣਾਂ 2024 ਨਾਲ ਸਬੰਧਤ ਅਹਿਮ ਜਾਣਕਾਰੀ ਸਾਂਝੀ ਕੀਤੀ   ਜਾ ਰਹੀ ਏ।

---------------------------------------------------------

ਸੰਗਰੂਰ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਅਤੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਨੇ ਕਿਹਾ ਕਿ ਉਹ, ਸੱਥਾਂ ਤੋਂ ਲੈ ਕੇ ਸੰਸਦ ਤੱਕ ਸੰਗਰੂਰ ਦੀ ਹਰ ਮੰਗ ਉਠਾਉਣਗੇ। ਉਹ ਅੱਜ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਦੇ ਨਾਲ ਮਹਿਲ ਕਲਾਂ ਹਲਕੇ ਦੇ ਪਿੰਡਾਂ ਦਾ ਦੌਰਾ ਕਰ ਰਹੇ  ਸਨ। ਰੋਡ ਸ਼ੋਅ ਦੌਰਾਨ ਪੱਖੋਕੇ, ਚੀਮਾ, ਟੱਲੇਵਾਲ, ਭੋਤਨਾ, ਬੀਹਲਾ ਵਿਖੇ ਚੋਣ ਜਲਸੇ ਹੋਏ। ਮੀਤ ਹੇਅਰ ਨੇ ਕਿਹਾ ਕਿ ਆਮ ਆਦਮੀ ਪਾਰਟੀ ਸਰਕਾਰ ਨੇ ਪਿਛਲੇ ਦੋ ਸਾਲ ਵਿੱਚ ਸੂਬੇ ਦੀ ਨੁਹਾਰ ਬਦਲ ਦਿੱਤੀ ਏ।  ਉਨ੍ਹਾਂ ਕਿਹਾ ਕਿ ਉਹ ਹਲਕੇ ਦੇ ਵਿਕਾਸ ਵਿੱਚ ਕੋਈ ਕਸਰ ਬਾਕੀ ਨਹੀਂ ਛੱਡਣਗੇ।

---------------------------------------------------------

ਕੇਂਦਰ ਨੇ ਸਪੱਸ਼ਟ ਕੀਤਾ ਏ ਕਿ ਭਾਰਤ ਵਿਸ਼ਵ ਵਿੱਚ ਵੱਧ ਤੋਂ ਵੱਧ ਰਹਿੰਦ-ਖੂੰਹਦ ਦੀਆਂ ਸੀਮਾਵਾਂ (ਐਮਆਰਐਲ) ਸਭ ਤੋਂ ਸਖ਼ਤ ਮਾਪਦੰਡਾਂ ਵਿੱਚੋਂ ਇੱਕ ਨੇ ਅਤੇ ਕੀਟਨਾਸ਼ਕਾਂ ਦੇ ਐਮਆਰਐਲ ਉਨ੍ਹਾਂ ਦੇ ਜੋਖ਼ਮ ਮੁਲਾਂਕਣਾਂ ਦੇ ਅਧਾਰ 'ਤੇ ਵੱਖ-ਵੱਖ ਭੋਜਨ ਵਸਤੂਆਂ ਲਈ ਵੱਖਰੇ ਤੌਰ 'ਤੇ ਨਿਰਧਾਰਤ ਕੀਤੇ ਗਏ ਨੇ। ਖੇਤੀਬਾੜੀ ਮੰਤਰਾਲੇ ਨੇ ਇੱਕ ਬਿਆਨ ਵਿੱਚ ਕਿਹਾ ਏ ਕਿ ਭਾਰਤੀ ਖੁਰਾਕ ਸੁਰੱਖਿਆ ਅਤੇ ਮਿਆਰ ਅਥਾਰਟੀ (FSSAI) ਵਲੋਂ ਜੜੀ-ਬੂਟੀਆਂ ਅਤੇ ਮਸਾਲਿਆਂ ਵਿੱਚ 10 ਗੁਣਾ ਜ਼ਿਆਦਾ ਕੀਟਨਾਸ਼ਕ ਰਹਿੰਦ-ਖੂੰਹਦ ਦੀ ਇਜਾਜ਼ਤ ਦੇਣ ਦਾ ਦਾਅਵਾ ਕਰਨ ਵਾਲੀਆਂ ਮੀਡੀਆ ਦੀਆਂ ਖਬਰਾਂ ਝੂਠੀਆਂ ਅਤੇ ਬੇਬੁਨਿਆਦ ਨੇ । ਕੀਟਨਾਸ਼ਕਾਂ ਨੂੰ ਕੀਟਨਾਸ਼ਕ ਐਕਟ, 1968 ਤਹਿਤ ਗਠਿਤ ਕੇਂਦਰੀ ਕੀਟਨਾਸ਼ਕ ਬੋਰਡ ਅਤੇ ਰਜਿਸਟ੍ਰੇਸ਼ਨ ਕਮੇਟੀ ਰਾਹੀ ਖੇਤੀਬਾੜੀ ਮੰਤਰਾਲੇ ਦੁਆਰਾ ਨੇਮਬਧ ਕੀਤਾ ਜਾਂਦਾ ਏ । ਖੇਤੀਬਾੜੀ ਮੰਤਰਾਲੇ ਨੇ ਕਿਹਾ ਕਿ ਅਥਾਰਟੀ ਦੇ ਕੀਟਨਾਸ਼ਕਾਂ ਦੀ ਰਹਿੰਦ-ਖੂੰਹਦ ਬਾਰੇ ਵਿਗਿਆਨਕ ਪੈਨਲ ਕੇਂਦਰੀ ਕੀਟਨਾਸ਼ਕ ਬੋਰਡ ਅਤੇ ਰਜਿਸਟ੍ਰੇਸ਼ਨ ਕਮੇਟੀ ਦੁਆਰਾ ਪ੍ਰਾਪਤ ਅੰਕੜਿਆਂ ਦੀ ਜਾਂਚ ਕਰਦਾ ਏ।

---------------------------------------------------

ਲੋਕ ਸਭ ਚੋਣਾਂ -2024 ਨੂੰ ਲੈਕੇ, ਪੰਜਾਬ ਦੇ ਵੱਖ-ਵੱਖ ਜ਼ਿਲਿਆਂ ਵਿਚ ਅੱਜ ਚੋਣ ਅਮਲੇ ਨੂੰ ਸਿਖਲਾਈ ਦਿੱਤੀ ਗਈ। ਇਸੇ ਲੜੀ ਤਹਿਤ ਜ਼ਿਲਾ ਸ੍ਰੀ ਮੁਕਤਸਰ ਸਾਹਿਬ ਦੇ ਵਿਧਾਨ ਸਭਾ ਹਲਕਾ ਲੰਬੀ ਅਧੀਨ ਜਿਨਾਂ ਕਰਮਚਾਰੀਆਂ ਦੀ ਡਿਊਟੀ ਲੱਗੀ ਸੀ ਉਹਨਾਂ ਨੂੰ ਮਿਮਿਟ ਮਲੋਟ ਵਿਖੇ ਸਿਖਲਾਈ ਦਿੱਤੀ ਗਈ। ਲੰਬੀ ਦੇ ਸਹਾਇਕ ਰਿਟਰਨਿੰਗ ਅਫਸਰ ਡਾ ਨਯਨ ਨੇ ਦੱਸਿਆ ਕਿ ਕਰਮਚਾਰੀਆਂ ਨੂੰ ਚੋਣ ਪ੍ਰਕਿਰਿਆ ਸਬੰਧੀ ਸਿਖਲਾਈ ਦੇਣ ਦੇ ਨਾਲ ਨਾਲ ਗਰਮੀ ਦੇ ਮੌਸਮ ਦੇ ਮੱਦੇ ਨਜ਼ਰ ਗਰਮੀ ਦੇ ਮਾੜੇ ਪ੍ਰਭਾਵ ਪ੍ਰਗਟ ਹੋਣ ਤੇ ਵਿਅਕਤੀ ਨੂੰ ਦਿੱਤੀ ਜਾਣ ਵਾਲੀ ਮੁਢਲੀ ਸਹਾਇਤਾ ਸਬੰਧੀ ਵੀ ਸਿਖਲਾਈ ਦਿੱਤੀ ਗਈ। ਇਸ ਤੋਂ ਇਲਾਵਾ ਪੋਸਟਰ ਬੈਲਟ ਪੇਪਰ ਰਾਹੀਂ ਆਪਣਾ ਮਤਦਾਨ ਜਰੂਰ ਕਰਨ ਲਈ ਵੀ ਪ੍ਰੇਰਿਤ ਕੀਤਾ ਗਿਆ ਅਤੇ ਸੈਲਫੀ ਪੁਆਇੰਟ ਵੀ ਬਣਾਏ ਗਏ। **ਓਧਰ ਪਟਿਆਲਾ** ਵਿਖੇ ਵੀ ਚੋਣ ਪ੍ਰਕ੍ਰਿਆ ਨੂੰ ਨੇਪਰੇ ਚੜਾਉਣ 'ਚ ਲੱਗਣ ਵਾਲੇ ਚੋਣ ਅਮਲੇ ਦੀ ਅੱਜ ਪਹਿਲੀ ਰਿਹਸਲ ਕਰਵਾਈ ਗਈ। ਜ਼ਿਲ੍ਹੇ ਦੇ 1786 ਬੂਥਾਂ 'ਤੇ ਪੈਣ ਵਾਲੀਆਂ ਵੋਟਾਂ ਲਈ ਤਾਇਨਾਤ ਕੀਤੇ ਜਾਣ ਵਾਲੇ 10 ਹਜ਼ਾਰ ਦੇ ਕਰੀਬ ਚੋਣ ਅਮਲੇ ਨੂੰ ਬੀ.ਯੂ, ਸੀ.ਯੂ ਤੇ ਵੀ.ਵੀ.ਪੈਟ ਮਸ਼ੀਨਾਂ ਅਤੇ ਚੋਣਾਂ ਸਮੇਂ ਵਰਤੇ ਜਾਣ ਵਾਲੇ ਪ੍ਰੋਫਾਰਮੇ ਭਰਨ ਸਮੇਤ ਪ੍ਰੀ-ਜਾਇਡਿੰਗ ਅਫ਼ਸਰਾਂ ਦੀਆਂ ਡਿਊਟੀਆਂ ਅਤੇ ਪੋਲਿੰਗ ਅਫ਼ਸਰਾਂ ਵੱਲੋਂ ਕੀਤੇ ਜਾਣ ਵਾਲੇ ਕੰਮਾਂ ਬਾਰੇ ਚੋਣ ਅਮਲੇ ਨੂੰ ਜਾਣੂ ਕਰਵਾਇਆ ਗਿਆ।

ਜ਼ਿਲ੍ਹਾ ਚੋਣ-ਅਫ਼ਸਰ ਸ਼ੌਕਤ ਅਹਿਮਦ ਪਰੇ ਨੇ ਦੱਸਿਆ ਕਿ ਚੋਣ ਅਮਲੇ ਨੂੰ ਜਿੰਮੇਵਾਰੀਆਂ ਅਤੇ ਅਧਿਕਾਰਾਂ ਪ੍ਰਤੀ ਵੀ ਸੁਚੇਤ ਕੀਤਾ ਗਿਆ। ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਭਾਰਤ ਦੇ ਚੋਣ ਕਮਿਸ਼ਨ ਵੱਲੋਂ ਮਿਥੇ ਟੀਚੇ ਨੂੰ ਪੂਰਾ ਕਰਨ ਲਈ ਪੋਲਿੰਗ ਸਟਾਫ ਦੀਆਂ 100 ਫੀਸਦੀ ਵੋਟਾਂ ਪੁਆਉਣ ਲਈ ਸਟਾਫ ਨੂੰ ਜਾਣਕਾਰੀ ਪ੍ਰਦਾਨ ਕੀਤੀ ਗਈ । ਚੋਣ ਅਮਲੇ ਦੀ ਦੂਜੀ ਰਿਹਰਸਲ 19 ਮਈ ਨੂੰ ਹੋਵੇਗੀ । ਮਲੇਰਕੋਟਲਾ ਦੇ ਡਿਪਟੀ ਜ਼ਿਲ੍ਹਾ ਚੋਣ ਅਫ਼ਸਰ ਡਾ ਪੱਲਵੀ ਦੇ ਦਿਸ਼ਾ-ਨਿਰਦੇਸ਼ਾਂ ਹੇਠ ਮਾਸਟਰ ਟ੍ਰੇਨਰਜ਼ ਵੱਲੋਂ 2 ਹਜ਼ਾਰ 186 ਪੋਲਿੰਗ ਸਟਾਫ ਮੈਂਬਰਾਂ ਦੀ ਪਹਿਲੀ ਰਿਹਰਸਲ ਕਰਵਾਈ ਗਈ । ਉਨ੍ਹਾਂ ਦਸਿਆ ਕਿ ਮਾਲੇਰਕੋਟਲਾ ਜ਼ਿਲ੍ਹੇ 'ਚ ਸਥਾਪਿਤ 400 ਪੋਲਿੰਗ ਬੂਥਾਂ ਤੇ

ਕਰੀਬ 1600 ਅਧਿਕਾਰੀ, ਕਰਮਚਾਰੀ ਤਾਇਨਾਤ ਕੀਤੇ ਜਾਣਗੇ । ਬਾਕੀ ਪੋਲਿੰਗ ਸਟਾਫ ਨੂੰ ਰਾਖਵਾਂ ਰੱਖਿਆ ਜਾਵੇਗਾ । ਜ਼ਿਲ੍ਹਾ ਚੋਣ ਅਫ਼ਸਰ ਨੇ ਚੋਣ ਅਮਲੇ ਦੇ ਸਮੂਹ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਕਿਹਾ ਕਿ ਉਹ ਚੋਣਾਂ ਨਿਰਵਿਘਨ, ਨਿਰਪੱਖ ਅਤੇ ਅਮਨ-ਅਮਾਨ ਨਾਲ ਨੇਪਰੇ ਚਾੜ੍ਹਨ ਦੇ ਮਕਸਦ ਨਾਲ ਚੋਣ ਡਿਊਟੀ ਨੂੰ ਪੂਰੀ ਵਚਨਬੱਧਤਾ ਨਾਲ ਨਿਭਾਉਣ । ਓਧਰ ਮੁਹਾਲੀ ਦੀ ਜ਼ਿਲ੍ਹਾ ਚੋਣ ਅਫ਼ਸਰ ਸ੍ਰੀਮਤੀ ਆਸ਼ਿਕਾ ਜੈਨ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਮੁਹਾਲੀ, ਖਰੜ ਅਤੇ ਡੇਰਾਬੱਸੀ ਵਿਖੇ ਚੋਣ ਅਮਲੇ ਦੀ ਸਿਖਲਾਈ ਦਾ ਪਹਿਲਾ ਸੈਸ਼ਨ ਆਯੋਜਿਤ

ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਪੋਲਿੰਗ ਸਟਾਫ਼ ਦੀ ਰੈਂਡਮਾਈਜ਼ੇਸ਼ਨ ਤੋਂ ਬਾਅਦ, ਪ੍ਰੀਜ਼ਾਈਡਿੰਗ ਅਫ਼ਸਰਾਂ, ਸਹਾਇਕ ਪ੍ਰੀ-ਜ਼ਾਈਡਿੰਗ ਅਫ਼ਸਰਾਂ ਅਤੇ ਪੋਲਿੰਗ ਅਫ਼ਸਰਾਂ ਸਮੇਤ ਕੁੱਲ 5448 ਪੋਲਿੰਗ ਕਰਮਚਾਰੀਆਂ ਨੂੰ ਸਾਫ਼ਟਵੇਅਰ ਦੁਆਰਾ ਚੁਣਿਆ ਗਿਆ ਸੀ।

----------------------------------------------------

ਨਿਰੰਕਾਰੀ ਸਤਿਗੁਰੂ ਮਾਤਾ ਸੁਦੀਕਸ਼ਾ ਜੀ ਮਹਾਰਾਜ ਦੇ ਆਸ਼ੀਰਵਾਦ ਨਾਲ ਨਿਰੰਕਾਰੀ ਸਤਿਸੰਗ ਭਵਨ ਜੀਰਕਪੁਰ ਵਿਖੇ, 15ਵਾਂ ਖ਼ੂਨਦਾਨ ਕੈਂਪ ਲਗਾਇਆ ਗਿਆ। ਸੰਤ ਨਿਰੰਕਾਰੀ ਚੈਰੀਟੇਬਲ ਫਾਊਂਡੇਸ਼ਨ ਵੱਲੋਂ ਲਗਾਏ ਇਸ ਖ਼ੂਨਦਾਨ ਕੈਂਪ ਵਿੱਚ, 169 ਸ਼ਰਧਾਲੂਆਂ ਨੇ ਖ਼ੂਨਦਾਨ ਕਰਕੇ ਮਹਾਯੱਗ ਵਿੱਚ ਭਾਗ ਲਿਆ। ਇਸ ਕੈਂਪ ਦਾ ਉਦਘਾਟਨ ਚੰਡੀਗੜ੍ਹ ਜ਼ੋਨ ਦੇ ਜ਼ੋਨਲ ਇੰਚਾਰਜ, ਓ.ਪੀ. ਨਿਰੰਕਾਰੀ ਨੇ ਕੀਤਾ। ਇਸ ਮੌਕੇ ਜ਼ੀਰਕਪੁਰ ਦੇ ਮੁਖੀ ਮਹਾਤਮਾ, ਸ਼ਾਖਾ ਦੇ ਹੋਰ ਪਤਵੰਤੇ ਅਤੇ ਚੰਡੀਗੜ੍ਹ ਦੇ ਖੇਤਰੀ ਸੰਚਾਲਕ ਕਰਨੈਲ ਸਿੰਘ ਵੀ ਮੌਜੂਦ ਰਹੇ। ਚੰਡੀਗੜ੍ਹ ਜ਼ੋਨ ਦੇ ਜ਼ੋਨਲ ਇੰਚਾਰਜ ਓ.ਪੀ. ਨਿਰੰਕਾਰੀ ਨੇ ਕਿਹਾ ਕਿ ਨਿਰੰਕਾਰੀ ਸਤਿਗੁਰੂ ਮਾਤਾ ਸੁਦੀਕਸ਼ਾ ਜੀ ਦਾ ਉਪਦੇਸ਼ ਏ, ਕਿ ਮਨੁੱਖਤਾ ਦੀ ਭਲਾਈ ਲਈ ਜਿਹੜੀ ਵੀ ਸੇਵਾ ਕੀਤੀ ਜਾਵੇ ਏ, ਉਹ ਸਮਰਪਣ ਅਤੇ ਨਿਰਸਵਾਰਥ ਭਾਵਨਾ ਨਾਲ

ਕੀਤੀ ਜਾਵੇ। ਜਦੋਂ ਖ਼ੂਨਦਾਨ ਵਰਗੀ ਸੇਵਾ ਸਵੈ-ਇੱਛਾ ਅਤੇ ਨਿਰਸਵਾਰਥ ਭਾਵਨਾ ਨਾਲ ਕੀਤੀ ਜਾਵੇ  ਤਾਂ ਅਜਿਹੀ ਸੇਵਾ ਮਨੁੱਖਤਾ ਲਈ ਵਰਦਾਨ ਸਾਬਿਤ ਹੁੰਦੀ ਏ।

---------------------------------------------------------------

ਸ਼੍ਰੀਨਗਰ ਦੇ ਅਨੰਤਨਾਗ 'ਚ  ਬੀਤੇ ਦਿਨੀ ਫੌਜ ਦੇ ਜਵਾਨਾਂ ਵਲੋਂ ਚਲਾਏ ਜਾ ਰਹੇ ਤਲਾਸ਼ੀ ਅਭਿਆਨ ਦੌਰਾਨ ਜਵਾਨਾਂ ਦੀ ਗੱਡੀ ਅਚਾਨਕ ਖਾਈ 'ਚ ਡਿੱਗਣ ਕਾਰਨ ਸ਼ਹੀਦ ਹੋਏ ਲਾਂਸ ਨਾਇਕ ਗੁਰਪ੍ਰੀਤ ਸਿੰਘ ਦਾ ਅੰਤਿਮ ਸੰਸਕਾਰ ਉਨ੍ਹਾਂ ਦੇ ਪਿੰਡ ਸਰਾਵਾਂ ਵਿੱਚ ਫੌਜੀ ਸਨਮਾਨਾਂ ਨਾਲ ਕਰ ਦਿਤਾ ਗਿਆ। ਇਸ ਹਾਦਸੇ ਵਿਚ  ਗੱਡੀ 'ਚ ਸਵਾਰ 8 ਜਵਾਨ ਗੰਭੀਰ ਜ਼ਖਮੀ ਹੋ ਗਏ ਸਨ , ਜਦਕਿ ਗੁਰਪ੍ਰੀਤ ਸਿੰਘ  ਸ਼ਹੀਦ ਹੋ ਗਿਆ। ਲਾਂਸ ਨਾਇਕ ਗੁਰਪ੍ਰੀਤ ਸਿੰਘ 19 RR ਅਨੰਤਨਾਗ 'ਚ ਤਾਇਨਾਤ ਸੀ ਅਤੇ ਛੁੱਟੀ ਪੂਰੀ ਕਰਕੇ ਮਹੀਨਾ ਪਹਿਲਾਂ ਹੀ ਆਪਣੀ ਯੂਨਿਟ 'ਚ ਪਰਤਿਆ ਸੀ।  ਸ਼ਹੀਦ ਗੁਰਪ੍ਰੀਤ ਸਿੰਘ ਆਪਣੇ ਪਿੱਛੇ ਆਪਣੀ ਪਤਨੀ , ਦੋ ਛੋਟੇ ਬਚੇ  ਅਤੇ  ਆਪਣੇ ਬਜ਼ੁਰਗ ਮਾਤਾ-ਪਿਤਾ ਨੂੰ ਛੱਡ ਗਿਆ ਏ।

---------------------------------------------------------------

ਗੁਰਦਾਸਪੁਰ ਜ਼ਿਲੇ ਦੇ ਸ੍ਰੀ ਹਰ-ਗੋਬਿੰਦਪੁਰ ਵਿਖੇ, ਨਾੜ ਨੂੰ ਲਗੀ ਅੱਗ ਕਾਰਨ ਵਾਪਰੇ ਇਕ ਸੜਕ ਹਾਦਸੇ ਵਿਚ ਇਕ ਪਰਿਵਾਰ ਦੇ ਤਿੰਨ ਜੀਆਂ ਦੀ ਮੌਤ ਹੋ ਗਈ। ਗੁਰਦਾਸਪੁਰ ਤੋਂ ਸਾਡੇ ਪੱਤਰਕਾਰ ਅਨੁਸਾਰ ਇਸ ਹਾਦਸਾ, ਮਹਿਤਾ ਤੋਂ ਸ੍ਰੀ ਹਰ-ਗੋਬਿੰਦਪੁਰ ਸਾਹਿਬ ਨੂੰ ਜਾਂਦੇ ਮੁੱਖ ਮਾਰਗ ਉਤੇ ਖੇਤ ਵਿਚ ਲੱਗੀ ਅੱਗ ਦੇ ਧੂੰਏਂ ਕਾਰਨ, ਮੋਟਰ-ਸਾਈਕਲ ਦੀ ਕਿਸੇ ਦੂਸਰੇ ਵਾਹਨ ਨਾਲ ਟੱਕਰ ਹੋਣ ਕਰਕੇ ਵਾਪਰਿਆ, ਜਿਸ ਵਿਚ ਮੋਟਰ-ਸਾਈਕਲ ਸਵਾਰ ਪਿਓ-ਪੁੱਤ ਅਤੇ ਦਾਦੀ ਦੀ ਮੌਕੇ ਉਤੇ ਹੀ ਮੌਤ ਹੋ ਗਈ। ਮ੍ਰਿਤਕਾਂ ਦੀ ਪਛਾਣ ਅਮਰਜੋਤ ਸਿੰਘ ਉਸ ਦੀ ਮਾਤਾ ਬਲਬੀਰ ਕੌਰ ਅਤੇ ਤਿੰਨ ਸਾਲ ਦੇ ਬੱਚੇ ਅਰਮਾਨ ਦੀਪ ਸਿੰਘ ਵਜੋਂ ਹੋਈ ਏ। ਮ੍ਰਿਤਕ ਪਿੰਡ ਕੋਟਲਾ ਸੂਬਾ ਸਿੰਘ ਦੇ ਰਹਿਣ ਵਾਲੇ ਸਨ, ਜੋ ਕਸਬਾ ਮਹਿਤਾ ਵੱਲ ਜਾ ਰਹੇ ਸਨ। ਪੁਲਿਸ ਨੇ ਅੱਗੇ ਦੀ ਕਾਰਵਾਈ ਸ਼ੁਰੂ ਕਰ ਦਿਤੀ ਏ।

---------------------------------------------------

ਓਧਰ ਖੰਨਾ ’ਚ ਕੌਮੀਂ ਸ਼ਾਹਰਾਹ ‘ਤੇ ਟਰੱਕ ਅਤੇ ਕੈਂਟਰ ਦੀ ਟੱਕਰ ਹੋ ਗਈ। ਇਸ ਹਾਦਸੇ ਦੌਰਾਨ ਇੱਕ ਵਿਅਕਤੀ ਕੈਂਟਰ ਵਿੱਚ ਬੁਰੀ ਤਰ੍ਹਾਂ ਫਸ ਗਿਆ, ਜਿਸ ਨੂੰ ਲੋਕਾਂ ਨੇ ਬੜੀ ਮੁਸ਼ਕਲ ਨਾਲ ਬਾਹਰ ਕੱਢਿਆ ਪਰ ਉਸਨੂੰ

ਬਚਾਇਆ ਨਹੀਂ ਜਾ ਸਕਿਆ। ਮ੍ਰਿਤਕ ਦੀ ਪਛਾਣ ਰਾਜਸਥਾਨ ਦੇ ਚੁਰੂ ਵਾਸੀ ਨਰੇਸ਼ ਕੁਮਾਰ ਵਜੋਂ ਹੋਈ ਏ।